# ਪੰਜਾਬ ਸਰਕਾਰ

## ਸਕੂਲ ਸਿੱਖਿਆ ਵਿਭਾਗ

ਵੱਲ (ਵੈੱਬਸਾਇਟ ਰਾਹੀਂ)

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ),
ਸਮੂਹ ਡਾਇਟ ਪ੍ਰਿੰਸੀਪਲ,
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ,
ਸਮੂਹ ਸਕੂਲ ਮੁੱਖੀ (ਪ੍ਰਾਇਮਰੀ),
ਪੰਜਾਬ।

**ਮੀਮੋ ਨੰ:-** SCERT/PPP/2018/201834555 **ਮਿਤੀ:-** 9/8/2018

**ਵਿਸ਼ਾ:- ਸਕੂਲਾਂ ਅੰਦਰ ਭੇਜੀ ਗਈ ਸਿੱਖਣ ਸਹਾਇਕ ਸਮੱਗਰੀ ਦੀ ਵਰਤੋਂ ਸਬੰਧੀ।**

1.0 ਉਪਰਕੋਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਮੂਹ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਪੱਖੋਂ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਚਲਾਇਆ ਗਿਆ ਹੈ। ਇਸ ਵਾਰ ਪਹਿਲੀ ਜਮਾਤ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਭੇਜੀਆਂ ਗਈਆਂ ਕਿਤਾਬਾਂ ਅਤੇ ਈ.ਕੰਟੈਂਟ **(http://iscuela.com/punjabi)** ਨੂੰ ਬੱਚਿਆਂ ਅਤੇ ਅਧਿਆਪਕਾਂ ਦੀਆਂ ਲੋੜਾਂ ਅਨੁਸਾਰ ਹੀ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਸਿੱਖਣ ਪੱਧਰ ਨੂੰ ਉੱਚਾ ਚੁੱਕਣ ਲਈ ਸਿੱਖਣ ਸਹਾਇਕ ਸਮੱਗਰੀ ਸਕੂਲਾਂ ਅੰਦਰ ਭੇਜੀ ਗਈ ਹੈ, ਜਿਸ ਦੀ ਰੋਜ਼ਾਨਾ ਵਰਤੋਂ ਰਾਹੀਂ ਬੱਚਿਆਂ ਦੇ ਸਿੱਖਣ ਪੱਧਰਾਂ ਵਿੱਚ ਸੁਧਾਰ ਲਿਆਂਦੇ ਜਾਣੇ ਹਨ।

3.0 ਦਫ਼ਤਰ ਦੇ ਧਿਆਨ ਵਿੱਚ ਆਇਆ ਹੈ ਕਿ ਅਜੇ ਵੀ ਸਕੂਲਾਂ ਅੰਦਰ ਅਧਿਆਪਕਾਂ ਵੱਲੋਂ ਪ੍ਰਾਇਮਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਭੇਜੀ ਗਈ ਸਿੱਖਣ ਸਹਾਇਕ ਸਮੱਗਰੀ ਦੀ ਵਰਤੋਂ ਨਹੀਂ ਕੀਤੀ ਜਾ ਰਹੀ, ਜਿਸ ਕਰਕੇ ਬੱਚਿਆਂ ਦੇ ਸਿੱਖਣ ਪੱਧਰ ਵਿੱਚ ਲੋੜੀਂਦਾ ਸੁਧਾਰ ਨਹੀਂ ਹੋ ਰਿਹਾ। ਇਸੇ ਤਰ੍ਹਾਂ ਪ੍ਰੀ-ਪ੍ਰਾਇਮਰੀ ਜਮਾਤਾਂ ਲਈ ਭੇਜੀ ਗਈ ਸਿੱਖਣ ਸਹਾਇਕ ਸਮੱਗਰੀ ਦੀ ਵਰਤੋਂ ਨਹੀਂ ਕੀਤੀ ਜਾ ਰਹੀ ਹੈ, ਜਦਕਿ ਪ੍ਰੀ-ਪ੍ਰਾਇਮਰੀ ਜਮਾਤਾਂ ਵਿੱਚ ਖੇਡ ਵਿਧੀ ਰਾਹੀਂ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਕੇਵਲ ਇਸ ਸਮੱਗਰੀ ਅਧਾਰਿਤ ਹੀ ਹਨ।

4.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਸਕੂਲਾਂ ਅੰਦਰ ਪ੍ਰੀ-ਪ੍ਰਾਇਮਰੀ ਅਤੇ ਪ੍ਰਾਇਮਰੀ ਦੇ ਬੱਚਿਆਂ ਲਈ ਭੇਜੀ ਗਈ ਪੜ੍ਹਨ-ਲਿਖਣ ਸਹਾਇਕ ਸਮੱਗਰੀ ਦੀ ਰੋਜ਼ਾਨਾ ਢੁਕਵੀਂ ਵਰਤੋਂ ਕੀਤੀ ਜਾਵੇ। ਅਧਿਆਪਕਾਂ ਵੱਲੋਂ ਪਾਠ-ਪੁਸਤਕ ਦੇ ਨਾਲ-ਨਾਲ ਸਿੱਖਣ ਸਹਾਇਕ ਸਮੱਗਰੀ ਦੀ ਵਰਤੋਂ ਕਰਨੀ ਵੀ ਯਕੀਨੀ ਬਣਾਈ ਜਾਵੇ।

5.0 ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਡਾਇਟ ਪ੍ਰਿੰਸੀਪਲ, ਸਿੱਖਿਆ ਸੁਧਾਰ ਟੀਮਾਂ, ਬੀ.ਪੀ.ਈ.ਓ. ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਇਸ ਗੱਲ ਤੇ ਵਿਸ਼ੇਸ਼ ਜ਼ੋਰ ਦਿੰਦਿਆਂ ਅਧਿਆਪਕਾਂ ਨੂੰ ਸਿੱਖਣ ਸਹਾਇਕ ਸਮੱਗਰੀ ਦੀ ਯੋਗ ਵਰਤੋਂ ਬਾਰੇ ਪ੍ਰੇਰਿਤ ਕਰਨਗੇ।

**ਸਕੱਤਰ ਸਕੂਲ ਸਿੱਖਿਆ,ਪੰਜਾਬ।**

ਪਿੱਠ ਅੰਕਣ ਨੰ. ਉਕਤ ਮਿਤੀ: ਉਕਤ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡੀ.ਪੀ.ਆਈ (ਐ. ਸਿੱ), ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।

-ਸਹੀ-

**ਸਕੱਤਰ ਸਕੂਲ ਸਿੱਖਿਆ,ਪੰਜਾਬ।**